**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 22 -10-2024**

- **ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ, 5ਵੇਂ ਰਾਸ਼ਟਰੀ ਜਲ ਪੁਰਸਕਾਰ, 2023 ਪ੍ਰਦਾਨ ਕੀਤੇ ।**
- **ਡਾ. ਜਤਿੰਦਰ ਸਿੰਘ ਨੇ ਸਰਕਾਰੀ ਕੰਮ-ਕਾਜ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ (AI) ਦੀ ਸਰਵੋਤਮ ਵਰਤੋਂ ਦਾ ਸੱਦਾ ਦਿੱਤਾ ਏ ।**
- **ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ, ਡੇਰਾ ਸੱਚਾ ਸੌਦਾ ਦੇ ਮੁਖੀ ਗੁਰਮੀਤ ਰਾਮ ਰਹੀਮ ਸਿੰਘ 'ਤੇ 2015 ਦੇ ਬੇਅਦਬੀ ਮਾਮਲਿਆਂ 'ਚ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦੇ ਦਿੱਤੀ ਏ ।**
- **ਕੇਂਦਰੀ ਸੰਚਾਰ ਮੰਤਰੀ ਜੋਤੀਰਾ-ਦਿਤਿਆ ਸਿੰਧੀਆ ਨੇ ਕਿਹਾ ਏ, ਕਿ 4-ਜੀ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤਕ, BSNL ਗਾਹਕਾਂ ਦੀ ਗਿਣਤੀ, ਪਿਛਲੇ ਛੇ ਮਹੀਨਿਆਂ ਵਿੱਚ ਵਧ ਕੇ ਇਕ ਕਰੋੜ 80 ਲਖ ਹੋ ਗਈ ਏ ।**
- **ਸੁਰਜੀਤ ਹਾਕੀ ਟੂਰਨਾਮੈਂਟ ਵਿਚ ਅੱਜ ਭਾਰਤੀ ਨੇਵੀ ਮੁੰਬਈ ਨੇ, ਆਰਮੀ ਇਲੈਵਨ ਦਿੱਲੀ ਨੂੰ, 4-3 ਹਰਾਇਆ ਜਦਕਿ ਭਾਰਤ ਪੈਟਰੋਲੀਅਮ ਮੁੰਬਈ ਅਤੇ ਰੇਲ ਕੋਚ ਫੈਕਟਰੀ ਕਪੂਰਥਲਾ ਦੀਆਂ ਟੀਮਾਂ, 2-2 ਤੇ ਬਰਾਬਰ ਰਹੀਆਂ I**

**--------------------------------------------------------**

**ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ 5ਵੇਂ ਰਾਸ਼ਟਰੀ ਜਲ ਪੁਰਸਕਾਰ, 2023 ਪ੍ਰਦਾਨ ਕੀਤੇ । ਇਹ ਪੁਰਸਕਾਰ ਨੌਂ ਵਰਗਾਂ ਵਿੱਚ 38 ਜੇਤੂਆਂ ਨੂੰ ਦਿੱਤੇ ਗਏ । ਇਨ੍ਹਾਂ ਸ਼੍ਰੇਣੀਆਂ ਵਿੱਚ ਸਰਵੋਤਮ ਸੂਬਾ ਜ਼ਿਲ੍ਹਾ, ਗ੍ਰਾਮ ਪੰਚਾਇਤ, ਸ਼ਹਿਰੀ ਸਥਾਨਕ ਸੰਸਥਾ, ਸਰਵੋਤਮ ਜਲ ਖਪਤਕਾਰ ਐਸੋਸੀਏਸ਼ਨ ਅਤੇ ਨਾਗਰਿਕ ਭਾਈਚਾਰਾ ਸ਼ਾਮਲ ਨੇ । ਇਸ ਮੌਕੇ ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਜਲ ਜੀਵਨ ਮਿਸ਼ਨ ਸਦਕਾ, ਪੇਂਡੂ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਦੇ ਜੀਵਨ ਵਿੱਚ ਜ਼ਿਕਰਯੋਗ ਸੁਧਾਰ ਆਇਆ ਏ । BYTE ਉਡੀਸਾ ਨੂੰ 5ਵੇਂ ਰਾਸ਼ਟਰੀ ਜਲ ਪੁਰਸਕਾਰ ਲਈ**

ਸਰਵੋਤਮ ਸੂਬਾ ਸ਼੍ਰੇਣੀ ਵਿੱਚ ਪਹਿਲਾ ਇਨਾਮ, ਉੱਤਰ ਪ੍ਰਦੇਸ਼ ਨੂੰ ਦੂਜਾ ਅਤੇ ਗੁਜਰਾਤ ਅਤੇ ਪੁਡੂਚੇਰੀ ਨੂੰ ਤੀਜਾ ਇਨਾਮ ਦਿੱਤਾ ਗਿਆ। ਹਰੇਕ ਪੁਰਸਕਾਰ ਜੇਤੂ ਨੂੰ ਪ੍ਰਸ਼ੰਸਾ ਪੱਤਰ ਅਤੇ ਟਰਾਫੀ ਦੇ ਨਾਲ-ਨਾਲ ਨਕਦ ਇਨਾਮ ਨਾਲ ਨਿਵਾਜਿਆ ਗਿਆ ਏ । ਇਹ ਪੁਰਸਕਾਰ, ਲੋਕਾਂ ਨੂੰ ਪਾਣੀ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਪਾਣੀ ਦੀ ਬਿਹਤਰ ਵਰਤੋਂ ਕਰਨ ਲਈ ਪ੍ਰੇਰਿਤ ਕਰੇਗਾ।

------------------------------------------------------------------------

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਭਾਰਤ ਆਉਣ ਵਾਲੇ ਸਮੇਂ ਵਿੱਚ ਸਹਿਕਾਰੀ ਬੁਨਿਆਦੀ ਢਾਂਚੇ ਲਈ, ਦੇਸ਼ ਦੇ ਸਾਰੇ ਅੱਠ ਕਰੋੜ ਦੁੱਧ ਉਤਪਾਦਕ ਕਿਸਾਨਾਂ ਨੂੰ, ਦੂਜੀ ਸਫੈਦ ਕ੍ਰਾਂਤੀ ਨਾਲ ਜੋੜਨ ਦੀ ਤਿਆਰੀ ਕਰ ਰਿਹਾ ਏ। ਸ਼੍ਰੀ ਸ਼ਾਹ ਅੱਜ ਆਨੰਦ ਵਿੱਚ ਰਾਸ਼ਟਰੀ ਡੇਅਰੀ ਵਿਕਾਸ ਬੋਰਡ- ਦੇ ਡਾਇਮੰਡ ਜੁਬਲੀ ਸਮਾਗਮ ਨੂੰ ਸੰਬੋਧਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸਮੇਂ ਸਿਰਫ਼ ਡੇਢ ਕਰੋੜ ਦੁੱਧ ਉਤਪਾਦਕ ਕਿਸਾਨ ਹੀ ਸਹਿਕਾਰੀ ਅਦਾਰਿਆਂ ਨਾਲ ਜੁੜੇ ਹੋਏ ਨੇ, ਜਦੋਂਕਿ ਜ਼ਿਆਦਾਤਰ ਦੁੱਧ ਉਤਪਾਦਕ ਕਿਸਾਨਾਂ ਦਾ ਸ਼ੋਸ਼ਣ ਹੋ ਰਿਹਾ ਏ। BYTE:

--------------------------------------------------------

ਕੇਂਦਰੀ ਵਿਗਿਆਨ ਅਤੇ ਤਕਨਾਲੋਜੀ ਰਾਜ ਮੰਤਰੀ, ਡਾ: ਜਤਿੰਦਰ ਸਿੰਘ ਨੇ ਸਰਕਾਰੀ ਕੰਮ-ਕਾਜ ਵਿੱਚ ਕੁਸ਼ਲਤਾ ਅਤੇ ਉਤਪਾਦਕਤਾ ਨੂੰ ਵਧਾਉਣ ਲਈ ਆਰਟੀਫਿਸ਼ੀਅਲ ਇੰਟੈਲੀਜੈਂਸ (AI) ਦੀ ਵਰਤੋਂ 'ਤੇ ਜ਼ੋਰ ਦਿੱਤਾ । ਦਿੱਲੀ ਵਿਖੇ ਪ੍ਰਧਾਨ ਮੰਤਰੀ ਦਫ਼ਤਰ ਦੇ ਸਟਾਫ਼ ਲਈ ਆਯੋਜਿਤ AI ਆਰਟੀਫਿਸ਼ੀਅਲ ਇੰਟੈਲੀਜੈਂਸ 'ਤੇ ਇੱਕ ਵਿਸ਼ੇਸ਼ ਸੈਸ਼ਨ ਵਿੱਚ ਬੋਲਦਿਆਂ, ਡਾ. ਜਤਿੰਦਰ ਸਿੰਘ ਨੇ ਸ਼ਾਸਨ ਵਿੱਚ ਕ੍ਰਾਂਤੀ ਲਿਆਉਣ, ਕਾਰਜਾਂ ਨੂੰ ਸੁਚਾਰੂ ਬਣਾਉਣ ਅਤੇ ਵੱਖ-ਵੱਖ ਖੇਤਰਾਂ ਵਿੱਚ ਫੈਸਲੇ ਲੈਣ ਦੀਆਂ ਪ੍ਰਕਿਰਿਆਵਾਂ ਨੂੰ ਬਿਹਤਰ ਬਣਾਉਣ ਵਿੱਚ AI ਦੀ ਅਹਿਮ ਭੂਮਿਕਾ ਬਾਰੇ ਚਾਨਣਾ ਪਾਇਆ। ਇਸ ਸੈਸ਼ਨ ਵਿੱਚ ਸੈਕਸ਼ਨ ਅਫਸਰਾਂ ਤੋਂ ਲੈਕੇ ਪ੍ਰਧਾਨ ਮੰਤਰੀ ਦੇ ਪ੍ਰਮੁੱਖ ਸਕੱਤਰ ਤਕ ਸਾਰੇ ਪੱਧਰਾਂ ਦੇ ਅਧਿਕਾਰੀਆਂ ਦੀ ਭਾਗੀਦਾਰੀ ਦੇਖੀ ਗਈ। ਡਾ: ਜਤਿੰਦਰ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਏਆਈ AI ਕੋਲ ਰੋਜ਼ਾਨਾ ਦੇ ਕਾਰਜਾਂ ਨੂੰ ਸਵੈਚਾਲਤ ਕਰਨ ਦੀ ਸ਼ਕਤੀ ਏ, ਜਿਸ ਨਾਲ ਸਰਕਾਰੀ ਅਧਿਕਾਰੀ ਸ਼ਾਸਨ ਦੇ ਵਧੇਰੇ ਰਣਨੀਤਕ ਖੇਤਰਾਂ 'ਤੇ ਧਿਆਨ ਕੇਂਦਰਿਤ ਕਰ

ਸਕਦੇ ਨੇ। ਉਨ੍ਹਾਂ ਦੱਸਿਆ ਕਿ ਕਿਵੇਂ AI ਸਿਹਤ ਸੰਭਾਲ, ਖੇਤੀਬਾੜੀ, ਅਤੇ ਜਨਤਕ ਸੇਵਾਵਾਂ ਪ੍ਰਦਾਨ ਕਰਨ ਵਰਗੇ ਮੁੱਖ ਖੇਤਰਾਂ ਨੂੰ ਬਦਲ ਸਕਦਾ ਏ।ਇਹ ਸੈਸ਼ਨ ਮਿਸ਼ਨ ਕਰਮਯੋਗੀ ਦੇ ਤਹਿਤ ਚੱਲ ਰਹੇ "ਰਾਸ਼ਟਰੀ ਸਿਖਲਾਈ ਹਫ਼ਤੇ" ਦਾ ਹਿੱਸਾ ਸੀ, ਜੋ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ, ਇੱਕ ਆਸਵੰਦ ਸਮਰੱਥਾ-ਨਿਰਮਾਣ ਪਹਿਲਕਦਮੀ ਏ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ, ਡੇਰਾ ਸੱਚਾ ਸੌਦਾ ਦੇ ਮੁਖੀ ਗੁਰਮੀਤ ਰਾਮ ਰਹੀਮ ਸਿੰਘ 'ਤੇ 2015 ਦੇ ਬੇਅਦਬੀ ਮਾਮਲਿਆਂ 'ਚ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦੇ ਦਿੱਤੀ ਏ। ਸਰਵਉੱਚ ਅਦਾਲਤ ਵੱਲੋਂ ਇਨ੍ਹਾਂ ਮਾਮਲਿਆਂ ਦੀ ਕਾਰਵਾਈ 'ਤੇ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਲਗਾਈ ਰੋਕ ਨੂੰ ਹਟਾਉਣ ਦੇ ਤਿੰਨ ਦਿਨ ਬਾਅਦ, ਇਹ ਘਟਨਾਕ੍ਰਮ ਸਾਹਮਣੇ ਆਇਆ ਏ। ਸੂਬਾ ਸਰਕਾਰ ਨੇ ਡੇਰਾ ਸੱਚੀ ਸੌਦਾ ਦੇ ਤਿੰਨ ਕੌਮੀ ਕਮੇਟੀ ਮੈਂਬਰਾਂ ਪਰਦੀਪ ਕਲੇਰ, ਹਰਸ਼ ਧੂਰੀ ਅਤੇ ਸੰਦੀਪ ਬਰੇਟਾ ਖ਼ਿਲਾਫ਼ ਮੁਕੱਦਮਾ ਚਲਾਉਣ ਦੀ ਪ੍ਰਵਾਨਗੀ ਵੀ ਦੇ ਦਿੱਤੀ ਏ।ਜ਼ਿਕਰਯੋਗ ਏ ਕਿ ਪਰਦੀਪ ਕਲੇਰ ਨੂੰ ਇਸ ਸਾਲ ਦੇ ਸ਼ੁਰੂ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ, ਜਦੋਂ ਕਿ ਹਰਸ਼ ਧੂਰੀ ਅਤੇ ਸੰਦੀਪ ਬਰੇਟਾ ਅਜੇ ਫਰਾਰ ਨੇ।

---------------------------------------------------

ਕੇਂਦਰੀ ਸੰਚਾਰ ਮੰਤਰੀ ਜੋਤੀਰਾ-ਦਿਤਿਆ ਸਿੰਧੀਆ ਨੇ ਕਿਹਾ ਏ, ਕਿ 4-ਜੀ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤਕ, ਭਾਰਤ ਸੰਚਾਰ ਨਿਗਮ ਲਿਮਟਿਡ (BSNL) ਦੇ ਗਾਹਕਾਂ ਦੀ ਗਿਣਤੀ, ਪਿਛਲੇ ਛੇ ਮਹੀਨਿਆਂ ਵਿੱਚ 75 ਲੱਖ ਤੋਂ ਵਧ ਕੇ ਇਕ ਕਰੋੜ 80 ਲਖ ਹੋ ਗਈ ਏ। ਅੱਜ ਨਵੀਂ ਦਿੱਲੀ ਵਿੱਚ BSNL ਦੇ ਨਵੇਂ ਲੋਗੋ ਅਤੇ ਸੱਤ ਸੇਵਾਵਾਂ ਦੀ ਸ਼ੁਰੂਆਤ ਕਰਦਿਆਂ, ਮੰਤਰੀ ਨੇ ਕਿਹਾ ਕਿ ਭਾਰਤ ਆਪਣਾ 4-ਜੀ ਟੈਲੀਕਾਮ ਨੈਟਵਰਕ ਵਿਕਸਤ ਕਰਨ ਵਾਲੇ, ਦੁਨੀਆ ਦੇ 6 ਮੁਲਕਾਂ ਵਿੱਚ ਸ਼ਾਮਲ ਏ, ਜੋ ਜਲਦੀ ਹੀ 5-ਜੀ ਵਿੱਚ ਤਬਦੀਲ ਹੋ ਜਾਵੇਗਾ। BSNL ਦਾ ਨਵਾਂ ਲੋਗੋ ਤਾਕਤ, ਵਿਸ਼ਵਾਸ ਅਤੇ ਪਹੁੰਚਯੋਗਤਾ ਦਾ ਪ੍ਰਤੀਕ ਏ। ਇਸ ਮੌਕੇ ਸ੍ਰੀ ਸਿੰਧੀਆ ਨੇ BSNL ਦੀਆਂ ਸੱਤ ਸੇਵਾਵਾਂ ਦੀ ਸ਼ੁਰੂਆਤ ਵੀ ਕੀਤੀ। ਇਹ ਇੱਕ ਸਪੈਮ-ਮੁਕਤ ਨੈੱਟਵਰਕ, ਰਾਸ਼ਟਰੀ ਵਾਈ-ਫਾਈ ਰੋਮਿੰਗ, ਇੰਟਰਾਨੈੱਟ ਫਾਈਬਰ ਟੀਵੀ, Anytime SIM Kiosks, ਡਾਇਰੈਕਟ-ਟੂ-ਡਿਵਾਈਸ ਸੇਵਾ, ਜਨਤਕ ਸੁਰਖਿਆ ਅਤੇ ਆਫਤਾਂ ਸਮੇਂ ਰਾਹਤ, ਅਤੇ ਖਾਨਾਂ ਵਿੱਚ ਪਹਿਲਾ ਪ੍ਰਾਈਵੇਟ 5-ਜੀ ਨੇ।

---------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਸਿਹਤ ਕਰਾਂਤੀ ਲਿਆਂਦੀ ਏ । ਸਿਹਤ ਮੰਤਰੀ ਅੱਜ ਪਟਿਆਲਾ ਦੇ ਸਰਕਾਰੀ ਰਾਜਿੰਦਰਾ ਹਸਪਤਾਲ ਵਿਖੇ 6 ਕਰੋੜ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਮਗਰੋਂ ਨਵੇਂ ਬਣਾਏ 3 ਹੋਰ ਅਤਿ-ਆਧੁਨਿਕ ਮੋਡੂਲਰ ਆਪਰੇਸ਼ਨ ਥੀਏਟਰਾਂ ਦਾ ਉਦਘਾਟਨ ਕਰਨ ਪੁੱਜੇ ਹੋਏ ਸਨ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਸਾਢੇ 7 ਕਰੋੜ ਰੁਪਏ ਦੀ ਲਾਗਤ ਨਾਲ 4 ਮੌਡੂਲਰ ਆਪਰੇਸ਼ਨ ਥੀਏਟਰ ਮਰੀਜਾਂ ਨੂੰ ਸਮਰਪਿਤ ਕੀਤੇ ਗਏ ਸਨ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸੂਬਾ ਨਿਵਾਸੀਆਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਪੰਜਾਬ ਸਰਕਾਰ ਦੀ ਪਹਿਲੀ ਤਰਜੀਹ ਏ , ਜਿਸ ਤਹਿਤ ਰਾਜਿੰਦਰਾ ਹਸਪਤਾਲ ਨੂੰ ਸਰਕਾਰ ਵੱਲੋਂ ਲਗਾਤਾਰ ਅਪਗ੍ਰੇਡ ਕੀਤਾ ਜਾ ਰਿਹਾ ਏ । ਮੰਤਰੀ ਨੇ ਦੱਸਿਆ ਕਿ ਚਾਰੇ ਅਲਟਰਾ ਮਾਡਰਨ ਮੌਡੂਲਰ ਆਪਰੇਸ਼ਨ ਥੀਏਟਰ ਬੈਕਟਰੀਆ, ਫੰਗਸ, ਵਾਇਰਸ ਤੋਂ ਰਹਿਤ ਹੋਣਗੇ ਜਿਸ ਕਰਕੇ ਇੱਥੇ ਇੱਕ ਮਰੀਜ ਤੋਂ ਦੂਜੇ ਮਰੀਜ ਨੂੰ ਹੋਣ ਵਾਲੀ ਕਿਸੇ ਵੀ ਤਰ੍ਹਾਂ ਦੀ ਸੰਕ੍ਰਮਣ ਦਾ ਵੀ ਕੋਈ ਖ਼ਤਰਾ ਨਹੀਂ ਰਹੇਗਾ । ਇਨ੍ਹਾਂ ਥੀਏਟਰਾਂ ਵਿੱਚ ਸਿਮੁ-ਲੇਟਰ ਤੇ ਰਿਕਾਰਡਿੰਗ ਸਿਸਮਟ ਵੀ ਏ , ਜੋ ਮੈਡੀਕਲ ਦੇ ਵਿਦਿਆਰਥੀਆਂ ਦੀ ਸਿਖਲਾਈ ਲਈ ਬਹੁਤ ਲਾਹੇਵੰਦ ਸਾਬਤ ਹੋਣਗੇ।

---

ਪੰਜਾਬ ਸਰਕਾਰ ਵੱਲੋਂ ਤੀਸਰੀ ਮਾਪੇ-ਅਧਿਆਪਕ ਮਿਲਣੀ ਅੱਜ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਕਰਵਾਈ ਗਈ । ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਏ ਕਿ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਗੁਣਾਤਮਿਕ ਸਿੱਖਿਆ ਪ੍ਰਦਾਨ ਕਰਨ ਲਈ, ਮਾਪੇ-ਅਧਿਆਪਕ ਮਿਲਣੀ ਇੱਕ ਸਕਾਰਾਤਮਕ ਕਦਮ ਏ ਅਤੇ ਇਹ ਉਪਰਾਲਾ ਵਿਦਿਆਰਥੀਆਂ ਨੂੰ ਸਮੇਂ ਦੇ ਹਾਣ ਦਾ ਬਣਾਉਣ ਅਤੇ ਉਨ੍ਹਾਂ ਦੇ ਬਹੁਪੱਖੀ ਵਿਕਾਸ ਵਿੱਚ ਸਹਾਈ ਸਿੱਧ ਹੋਵੇਗਾ। ਉਹ ਅੱਜ ਮੁਹਾਲੀ ਵਿਖੇ ਹੋਈ ਤੀਜੀ ਮੈਗਾ ਮਾਪੇ-ਅਧਿਆਪਕ ਮਿਲਣੀ ਮੌਕੇ ਸ਼ਮੂਲੀਅਤ ਕਰਨ ਮੌਕੇ ਬੋਲ ਰਹੇ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਮਿਲਣੀ ਦਾ ਉਦੇਸ਼ ਸਮੂਹ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਗੁਣਾਤਮਿਕ ਸਿੱਖਿਆ ਦੇਣ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵਿਚਾਰ ਚਰਚਾ ਕਰਨ ਅਤੇ ਮਾਪਿਆਂ, ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚਕਾਰ ਬਿਹਤਰ ਤਾਲਮੇਲ ਬਣਾਉਣ ਦੇ ਨਾਲ ਨਾਲ ਸਥਾਨਕ ਭਾਈਚਾਰੇ, ਸਥਾਨਕ ਸਰਕਾਰ ਦੇ ਨੁਮਾਇੰਦਿਆਂ, ਪੰਚਾਇਤਾਂ ਦੇ ਮੈਂਬਰਾਂ ਆਦਿ ਦਾ ਸਕੂਲਾਂ ਦੇ ਬਹੁਪੱਖੀ ਵਿਕਾਸ ਵਿੱਚ ਯੋਗਦਾਨ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਨਾਲ ਬਿਹਤਰ ਤਾਲਮੇਲ ਬਣਾਉਣਾ ਏ । ਉਨ੍ਹਾਂ ਕਿਹਾ ਕਿ ਸਰਕਾਰ

ਪੰਜਾਬ ਦੇ ਸਿੱਖਿਆ ਪ੍ਰਬੰਧ ਨੂੰ ਹੋਰ ਬਿਹਤਰ ਬਣਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਏ। ਇਸ ਦੌਰਾਨ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਮੌਜੂਦਾ ਕਾਰਗੁਜ਼ਾਰੀ ਬਾਰੇ ਜਾਣਨ ਅਤੇ ਅਧਿਆਪਕਾਂ ਦੇ ਸੁਝਾਵਾਂ ਬਾਰੇ ਜਾਣਕਾਰੀ ਲੈਣ ਦਾ ਮੌਕਾ ਮਿਲਿਆ ਏ

--------------------------------------------------------

ਅੰਮ੍ਰਿਤਸਰ ਪੁਲਿਸ ਨੇ ਸਰਹੱਦ ਪਾਰ ਨਸ਼ਾ ਤਸਕਰੀ ਦਾ ਪਰਦਾਫਾਸ਼ ਕਰਦਿਆਂ, ਦੋ ਵੱਖ-ਵੱਖ ਮਾਮਲਿਆਂ ਵਿੱਚ 3 ਕਿਲੋ ਹੈਰੋਇਨ ਸਮੇਤ ਪੰਜ ਜਣਿਆ ਨੂੰ ਕਾਬੂ ਕੀਤਾ। ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁਲਿਸ ਨੇ ਇੱਕ ਨਸ਼ਾ ਤਸਕਰ ਨੂੰ ਢਾਈ ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਏ। ਫੜੇ ਗਏ ਮੁਲਜ਼ਮ ਦੀ ਪਛਾਣ ਅੰਮ੍ਰਿਤਸਰ ਵਿਚ ਲੋਹਗੜ੍ਹ ਗੇਟ ਦੇ ਰਹਿਣ ਵਾਲੇ ਸੋਹੇਲ ਵਜੋਂ ਹੋਈ ਏ।ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਮੁਲਜ਼ਮ ਸਿੱਧੇ ਤੌਰ 'ਤੇ ਪਾਕਿਸਤਾਨ ਸਥਿਤ ਨਸ਼ਾ ਤਸਕਰਾਂ ਦੇ ਸੰਪਰਕ 'ਚ ਸੀ, ਜੋ ਸਰਹੱਦ ਪਾਰੋਂ ਨਸ਼ਿਆਂ ਦੀ ਢੋਆ-ਢੁਆਈ ਲਈ ਡਰੋਨ ਦੀ ਵਰਤੋਂ ਕਰ ਰਹੇ ਸਨ। ਉਨ੍ਹਾਂ ਦਸਿਆ ਕਿ ਇਕ ਸਿਚਨਾ ਦੇ ਅਧਾਰ ਤੇ ਪੁਲੀਸ ਟੀਮਾਂ ਨੇ ਮੁਲਜ਼ਮ ਨੂੰ ਛੇਹਰਟਾ ਤੋਂ ਗ੍ਰਿਫ਼ਤਾਰ ਕੀਤਾ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਥਿਤ ਨਸ਼ਾ ਤਸਕਰ ਅਤੇ ਉਨ੍ਹਾਂ ਵਿਅਕਤੀਆਂ ਦੀ ਪਛਾਣ ਕਰਨ ਦੀ ਜਾਂਚ ਕੀਤੀ ਜਾ ਰਹੀ ਏ। ਇੱਕ ਹੋਰ ਮਾਮਲੇ ਵਿੱਚ ਪੁਲੀਸ ਨੇ ਚਾਰ ਮੁਲਜ਼ਮਾਂ ਅਵਤਾਰ ਸਿੰਘ, ਸਮੀਰ ਸਿੰਘ, ਅਰਸ਼ਦੀਪ ਸਿੰਘ ਅਤੇ ਯੁਵਰਾਜ ਨੂੰ 516 ਗ੍ਰਾਮ ਹੈਰੋਇਨ ਅਤੇ 35 ਹਜ਼ਾਰ ਰੁਪਏ ਸਮੇਤ ਗ੍ਰਿਫ਼ਤਾਰ ਕੀਤਾ ਏ। ਇਹ ਸਾਰੇ ਜ਼ਿਲਾ ਤਰਨ ਤਾਰਨ ਦੇ ਰਹਿਣ ਵਾਲੇ ਨੇ। ਪੁਲਿਸ ਕਮਿਸ਼ਨਰ ਨੇ ਕਿਹਾ ਕਿ ਮੁਲਜ਼ਮਾਂ ਤੋਂ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਏ।

--------------------------------------------------------

ਕਸ਼ਮੀਰ ਘਾਟੀ ਦੇ ਜ਼ਿਲਾ ਗਾਂਦਰਬਲ ਵਿਚ ਬੀਤੀ ਸ਼ਾਮ ਅੱਤਵਾਦੀ ਹਮਲੇ ਵਿਚ ਮਾਰੇ ਗਏ ਪਿੰਡ ਸੱਖੋਵਾਲ ਦੇ ਗੁਰਮੀਤ ਸਿੰਘ ਦਾ ਅੰਤਿਮ ਸਸਕਾਰ ਉਨ੍ਹਾਂ ਦੇ ਪਿੰਡ ਵਿਚ ਕੀਤਾ ਗਿਆ।ਇਸ ਮੌਕੇ ਪੂਰੇ ਪਿੰਡ ਦੇ ਲੋਕ ਸ਼ਾਮਿਲ ਰਹੇ। ਅੱਤਵਾਦੀ ਹਮਲੇ ਵਿੱਚ ਗੁਰਮੀਤ ਸਿੰਘ ਨੂੰ ਗੋਲੀਆਂ ਲੱਗ ਗਈਆਂ ਸਨ ਗੁਰਮੀਤ ਸਿੰਘ ਦੇ ਪਿਤਾ ਧਰਮ ਸਿੰਘ ਫੌਜ ਵਿੱਚ ਸੇਵਾਵਾਂ ਨਿਭਾਅ ਚੁੱਕੇ ਨੇ। ਜ਼ਿਕਰਯੋਗ ਏ ਕਿ ਗੁਰਮੀਤ ਸਿੰਘ ਕਈ ਸਾਲਾਂ ਤੋਂ ਇਕ ਨਿਜੀ ਕੰਪਨੀ 'ਚ ਇੱਕ ਮਜ਼ਦੂਰ ਵੱਜੋਂ ਕੰਮ ਕਰ ਰਿਹਾ ਸੀ।

--------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਜਲੰਧਰ ਵਿਖੇ ਕਿਸਾਨਾਂ ਨੂੰ ਖ਼ਰੀਦੇ ਝੋਨੇ ਦੀ 269 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਏ । ਉਨ੍ਹਾਂ ਦੱਸਿਆ ਕਿ ਦਾਣਾ ਮੰਡੀਆਂ ਵਿੱਚ ਝੋਨੇ ਦੀ ਫ਼ਸਲ ਖ਼ਰੀਦਣ ’ਤੇ 48 ਘੰਟਿਆਂ ਦੇ ਵਿੱਚ-ਵਿੱਚ ਅਦਾਇਗੀ ਕੀਤੀ ਜਾ ਰਹੀ ਏ । ਖ਼ਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਕਿ ਜ਼ਿਲ੍ਹੇ ਭਰ ਦੀਆਂ ਸਾਰੀਆਂ ਦਾਣਾ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਅਤੇ ਸੁਚਾਰੂ ਚੁਕਾਈ ਨੂੰ ਯਕੀਨੀ ਬਣਾਇਆ ਜਾਵੇ। ਓਹਨਾ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਾਰੀਆਂ 78 ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਪ੍ਰਕਿਰਿਆ ਚੱਲ ਰਹੀ ਏ ਅਤੇ ਖ਼ਰੀਦ ਏਜੰਸੀਆਂ ਵਲੋਂ 13 ਹਜ਼ਾਰ 400 ਮੀਟਰਿਕ ਟਨ ਝੋਨੇ ਦੀ ਚੁਕਾਈ ਕੀਤੀ ਜਾ ਚੁੱਕੀ ਏ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਝੋਨੇ ਦੀ ਚੁਕਾਈ ਵਿੱਚ ਵਾਧਾ ਕਰਨ ਦੇ ਨਾਲ-ਨਾਲ ਯਕੀਨੀ ਬਣਾਇਆ ਗਿਆ ਏ ਕਿ ਕਿਸਾਨਾਂ ਨੂੰ ਕਿਸੇ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਖ਼ਰੀਦ ਸੀਜ਼ਨ ਦੌਰਾਨ ਲੋੜੀਂਦੇ ਬਾਰਦਾਨੇ ਅਤੇ ਹੋਰ ਸਹੂਲਤਾਂ ਸਬੰਧੀ ਪੁਖ਼ਤਾ ਇੰਤਜ਼ਾਮ ਕੀਤੇ ਗਏ ਨੇ

---------------------------------------------------------

ਜਲੰਧਰ ਸਥਿਤ ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਚਲ ਰਹੇ, 41ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੇ ਚੌਥੇ ਦਿਨ, ਲੀਗ ਦੌਰ ਦੇ ਦੋ ਮੈਚ ਖੇਡੇ ਗਏ । ਇਸ ਵਿਚ ਭਾਰਤੀ ਨੇਵੀ ਮੁੰਬਈ ਨੇ, ਆਰਮੀ ਇਲੈਵਨ ਦਿੱਲੀ ਨੂੰ, 4-3 ਹਰਾਇਆ ਜਦਕਿ ਭਾਰਤ ਪੈਟਰੋਲੀਅਮ ਮੁੰਬਈ ਅਤੇ ਰੇਲ ਕੋਚ ਫੈਕਟਰੀ ਕਪੂਰਥਲਾ ਦੀਆਂ ਟੀਮਾਂ, 2-2 ਤੇ ਬਰਾਬਰ ਰਹੀਆਂ ਕਲ ਖੇਡੇ ਜਾਣ ਵਾਲੇ ਮੈਚਾਂ ਵਿਚ , ਇੰਡੀਅਨ ਆਇਲ ਮੁੰਬਈ ਦਾ ਮੁਕਬਲਾ ਇੰਡੀਅਨ ਏਅਰ ਫੋਰਸ – ਨਾਲ , ਅਤੇ ਭਾਰਤ ਪੈਟਰੋਲੀਅਮ ਮੁੰਬਈ ਦਾ ਮੁਕਬਲਾ ਪੰਜਾਬ ਪੁਲਿਸ ਜਲੰਧਰ ਨਾਲ ਹੋਵੇਗਾ ।

---------------------------------------------------------

ਪੰਜਾਬ ਭਰ ਵਿਚ ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਾਉਣ ਬਾਰੇ ਜਾਗਰੂਕ ਕੀਤਾ ਜਾ ਰੇਅ ਏ।ਬਰਨਾਲਾ ਜ਼ਿਲ੍ਹੇ ਵਿਚ ਪਰਾਲੀ ਪ੍ਰਬੰਧਨ ਯਕੀਨੀ ਬਣਾਉਣ ਲਈ, ਡਿਪਟੀ ਕਮਿਸ਼ਨਰ ਪੂਨਮਦੀਪ ਕੋਰ ਵਲੋਂ ਕਲੱਸਟਰ ਅਫ਼ਸਰਾਂ, ਸਹਾਇਕ ਕਲੱਸਟਰ

ਅਫ਼ਸਰਾਂ ਤੇ ਹੋਰਾਂ ਨਾਲ ਇਹ ਮੀਟਿੰਗ ਕੀਤੀ ਗਈ । ਉਨ੍ਹਾਂ ਨਿਰਦੇਸ਼ ਦਿੱਤੇ ਕਿ ਪਿੰਡ ਵਾਰ ਸਬਸਿਡੀ ਵਾਲੀ ਮਸ਼ੀਨਰੀ ਦੀ ਮੈਪਿੰਗ ਕੀਤੀ ਜਾਵੇ ਅਤੇ ਕਿਹੜਾ ਕਿਸਾਨ ਕਿਹੜੇ ਨਾਲ ਮਸ਼ੀਨਰੀ ਸਾਂਝੀ ਕਰ ਰਿਹਾ ਏ ,ਉਸ ਦੀਆਂ ਸੂਚੀਆਂ ਤਿਆਰ ਕਰਕੇ ਪਿੰਡ ਵਿੱਚ ਚਸਪਾਂ ਕੀਤੀਆਂ ਜਾਣ। ਉਨ੍ਹਾਂ ਪਿੰਡਾਂ ਵਿਚ ਕੰਟਰੋਲ ਰੂਮ ਸਥਾਪਿਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪਿੰਡ ਪੱਧਰੀ ਟੀਮਾਂ ਵਲੋਂ ਘਰ ਘਰ ਜਾ ਕੇ ਪਰਾਲੀ ਨੂੰ ਅੱਗ ਨਾ ਲਾਉਣ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਬੰਧਤ ਟੀਮਾਂ ਵਲੋਂ ਕੋਈ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਇਸ ਲਈ ਹਰ ਇਕ ਮੈਂਬਰ ਆਪਣੀ ਡਿਊਟੀ ਜ਼ਿੰਮੇਵਾਰੀ ਨਾਲ ਨਿਭਾਵੇ । ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਝੋਨੇ ਦੀ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਅਤੇ ਇਸ ਦੇ ਮੁਕੰਮਲ ਨਿਪਟਾਰੇ ਲਈ ਜ਼ਿਲ੍ਹੇ ਦੇ ਪਿੰਡ ਭਾਈ ਬਖਤੌਰ, ਘਸੋਖਾਨਾ, ਭੋਖੜਾ ਤੇ ਪਿੰਡ ਲਹਿਰੀ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਏ ਗਏ। ਕੈਂਪਾਂ ਦੌਰਾਨ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਖੇਤੀ ਮਸ਼ੀਨਰੀ ਦੀ ਸਹੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ। ਵੱਖ-ਵੱਖ ਖੇਤੀ ਮਾਹਰਾਂ ਨੇ ਦੱਸਿਆ ਕਿ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੱਧਦੀ ਏ ਅਤੇ ਪਰਾਲੀ ਦੀ ਸਾਂਭ-ਸੰਭਾਲ ਨਾਲ ਮੌਸਮ ਤੇ ਮਾੜੇ ਪਾਣੀ ਦੇ ਪ੍ਰਭਾਵ ਨੂੰ ਘੱਟ ਕੀਤਾ ਜਾ ਸਕਦਾ ਏ । ਉਨ੍ਹਾਂ ਦੱਸਿਆ ਕਿ ਲਗਾਤਾਰ 3-4 ਸਾਲ ਪਰਾਲੀ ਨੂੰ ਖੇਤ ਵਿੱਚ ਦਬਾਉਣ ਨਾਲ ਜਮੀਨ ਵਿਚਲੀ ਮੱਲੜ ਦੀ ਮਾਤਰਾ ਵੱਧ ਜਾਂਦੀ ਏ ਅਤੇ ਖੇਤ ਦੀ ਉਪਜਾਊ ਸ਼ਕਤੀ ਵਿੱਚ ਅਥਾਹ ਵਾਧਾ ਹੁੰਦਾ ਏ । ਇਨ੍ਹਾਂ ਕੈਂਪਾਂ ਦੌਰਾਨ ਅਗਾਂਹਵਧੂ ਕਿਸਾਨਾਂ ਵੱਲੋਂ ਭਾਰੀ ਗਿਣਤੀ ਵਿਚ ਸ਼ਿਰਕਤ ਕਰਦਿਆਂ ਆਪੋ-ਆਪਣੇ ਤਜ਼ਰਬੇ ਵੀ ਸਾਂਝੇ ਕਰਦਿਆਂ ਹੋਰਨਾਂ ਕਿਸਾਨਾਂ ਨੂੰ ਵੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਦੀ ਸੁਚੱਜੀ ਵਰਤੋਂ ਤੇ ਸਾਂਭ-ਸੰਭਾਲ ਲਈ ਪ੍ਰੇਰਿਤ ਕੀਤਾ ਗਿਆ।

---------------------------------------------------------------------------

ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ, 5ਵੇਂ ਰਾਸ਼ਟਰੀ ਜਲ ਪੁਰਸਕਾਰ, 2023 ਪ੍ਰਦਾਨ ਕੀਤੇ ।
- ਡਾ. ਜਤਿੰਦਰ ਸਿੰਘ ਨੇ ਸਰਕਾਰੀ ਕੰਮ-ਕਾਜ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ (AI) ਦੀ ਸਰਵੋਤਮ ਵਰਤੋਂ ਦਾ ਸੱਦਾ ਦਿੱਤਾ ਏ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ, ਡੇਰਾ ਸੱਚਾ ਸੌਦਾ ਦੇ ਮੁਖੀ ਗੁਰਮੀਤ ਰਾਮ ਰਹੀਮ ਸਿੰਘ 'ਤੇ 2015 ਦੇ ਬੇਅਦਬੀ ਮਾਮਲਿਆਂ 'ਚ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦੇ ਦਿੱਤੀ ਏ ।
- ਕੇਂਦਰੀ ਸੰਚਾਰ ਮੰਤਰੀ ਜੋਤੀਰਾ-ਦਿਤਿਆ ਸਿੰਧੀਆ ਨੇ ਕਿਹਾ ਏ, ਕਿ 4-ਜੀ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤਕ, BSNL ਗਾਹਕਾਂ ਦੀ ਗਿਣਤੀ, ਪਿਛਲੇ ਛੇ ਮਹੀਨਿਆਂ ਵਿੱਚ ਵਧ ਕੇ ਇਕ ਕਰੋੜ 80 ਲਖ ਹੋ ਗਈ ਏ ।
- ਸੁਰਜੀਤ ਹਾਕੀ ਟੂਰਨਾਮੈਂਟ ਵਿਚ ਅੱਜ ਭਾਰਤੀ ਨੇਵੀ ਮੁੰਬਈ ਨੇ, ਆਰਮੀ ਇਲੈਵਨ ਦਿੱਲੀ ਨੂੰ, 4-3 ਹਰਾਇਆ ਜਦਕਿ ਭਾਰਤ ਪੈਟਰੋਲੀਅਮ ਮੁੰਬਈ ਅਤੇ ਰੇਲ ਕੋਚ ਫੈਕਟਰੀ ਕਪੂਰਥਲਾ ਦੀਆਂ ਟੀਮਾਂ, 2-2 ਤੇ ਬਰਾਬਰ ਰਹੀਆਂ I